ਨੰ:2/11/09-2ਸਿ3/1953

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ,
ਟਾਹਲੀ ਸਾਹਿਬ ਰੋਡ, ਕਰਤਾਰਪੁਰ
ਜਿਲ੍ਹਾ ਜਲੰਧਰ।

ਮਿਤੀ,ਚੰਡੀਗੜ੍ਹ 3/6/09

ਵਿਸ਼ਾ:- ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ, ਟਾਹਲੀ ਸਾਹਿਬ ਰੋਡ, ਕਰਤਾਰਪੁਰ ਜਿਲ੍ਹਾ ਜਲੰਧਰ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਜਲੰਧਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸ਼ਿਫਾਰਸਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸਿਕਾਇਤ /ਇੰਸ਼ਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ

ਚਲਦਾ ਪੰਨਾ/2

Principal
Sant Baba Nidhan Singh Ji
Public School, Kar...

President
Sant Baba Nidhan Singh
Public School, Kar...

ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3 ਸੀ.ਬੀ .ਐਸ. ਈ.ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਇਹ ਪ੍ਰਵਾਨਗੀ ਮਾਨਯੋਗ ਸਿੱਖਿਆ ਮੰਤਰੀ ਜੀ ਦੇ ਹੁਕਮ ਮਿਤੀ 29-5-09 ਅਨੁਸਾਰ ਜਾਰੀ ਕੀਤੀ ਜਾਂਦੀ ਹੈ ।

ਉੱਪ ਸਕੱਤਰ ਸਕੂਲ ਸਿੱਖਿਆ

----

ਮਿਤੀ,ਚੰਡੀਗੜ੍ਹ

ਪਿੱਠ ਅੰਕਣ ਨੰ: 2/11/09-2ਸਿ3/

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/4-2009 ਗ੍ਰਾਂਟ 1(5)/113 ਮਿਤੀ 17-2-2009 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸ਼ਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸ਼ਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

sd/-

ਉੱਪ ਸਕੱਤਰ ਸਕੂਲ ਸਿੱਖਿਆ

Principal
Sant Baba Nidhan Singh Ji
Public School, Kartarpur

President
Sant Baba Nidhan Singh Ji
Public School, Kartarpur

No. 2/11/09C3/953
Punjab Govt.
Education Deptt.
(Education-3 Branch)

(1)

NOC

To

Principal,
Sant Baba Nidhan Singh Ji Public School,
Tahli Sahib Road, Kartarpur
Distt. Jalandhar[

Date . Chandigarh 3/6/09

Subject:- Issuing No objection Certificate to Sant Baba Nidhan Singh Ji Public School, Kartarpur, Distt. Jalandhar, regarding Affiliation from C.B.S.E, New Delhi.

Respected Sir,

As per above cited subject

After briefly reading documents and affidavit submit by you and approach by District Education officer, Jalandhar & Director Education Deptt.(S.S) Punjab Govt. issue required No Objection Certificate on Below given condition :-

1. If in Future we found that your are giving wrong information to us at time of getting No Objection certificate or your you are not follow Instruction of Punjab Govt. and you are follow you condition given in Affidavit , in this case you No Objection certificate issued will be cancel.
2. Punjabi is Compulsory Subject in your school till tenth class and C.B.S.E , New Delhi arrangement for exam for this school and if you are not do this you No objection certificate issued will be cancel.
3. After getting affiliation of C.B.S.E, New Delhi, School Management gave salary and other benefit to their teaching Staff and non teaching staff same as Govt. employee. if you are not do this you No objection certificate issued will be cancel.
4. You and your management confirm to us that if your District education officer or and other Senior Officer of Education Deptt. Demand for any information to you then you and provide the correct information and help to him.

This is sending by order of Education Minister On Dated 29-05-2009.

Vice Secretary School Education

Date, Chandigarh

Sr. No. 2/11/09-3C3/

Above Sending to Director , Education Deptt. (S.S) Punjab Chandigarh on his Memo No 15/4-2009 Sanction 1(5)/113 Date 17-02-2009 and request him that inspection for above school is complete in minimum one in five year and give report to Government for confirmation that related School follow the instruction of Punjab Govt. or not.

Vice Secretary School Education

NOTARY
Mohinder Pal
Adv.
Jalandhar
Regd. No. 1828
GOVT. OF INDIA

President
Sant Baba Nidhan Singh Ji
Public School, Kartarpur

Translated Copy of the Document Produced

ATTESTED
NOTARY Jalandhar (Pb.) India
Ph. 5075581

Principal
Sant Baba Nidhan Singh Ji
Public School, Kartarpur